ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਪਿੰਡ ਭਮਾਰਸੀ ਬੁਲੰਦ ਵਿਖੇ ਐਸ.ਡੀ.ਐਮ. ਵੱਲੋਂ ਕੀਤੀ ਗਈ ਅਚਨਚੇਤ ਚੈਕਿੰਗ
ਦੌਰਾਨ ਇਕਾਂਤਵਾਸ ਦੇ ਪੋਸਟਰ ਫਾੜਨ ਤੇ ਠੇਕਾ ਖੋਲਣ ਦੇ ਕੇਸ ਆਏ ਸਾਹਮਣੇ

ਠੇਕੇ ਦੇ ਕਰਿੰਦਿਆਂ ਨੂੰ ਪੁਲਿਸ ਨੇ ਕਾਬੂ ਕਰਕੇ ਠੇਕੇਦਾਰ ਵਿਰੁੱਧ ਵੱਖ-ਵੱਖ ਧਾਰਾਵਾਂ ਅਧੀਨ ਮੁਕੱਦਮਾ ਦਰਜ਼

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਲਗਾਏ ਗਏ ਕਰਫਿਊ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕੀਤੀ ਜਾਵੇਗੀ ਸਖਤ ਕਾਰਵਾਈ : ਐਸ.ਡੀ.ਐਮ. ਡਾ. ਸੰਜੀਵ ਕੁਮਾਰ

ਫ਼ਤਹਿਗੜ੍ਹ ਸਾਹਿਬ, 02 ਮਈ :
ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਡਾ. ਸੰਜੀਵ ਕੁਮਾਰ ਅਤੇ ਤਹਿਸੀਲਦਾਰ ਸ. ਗੁਰਜਿੰਦਰ ਸਿੰਘ ਵੱਲੋਂ ਪਿੰਡ ਭਮਾਰਸੀ ਬੁਲੰਦ ਵਿਖੇ ਕੀਤੀ ਅਚਨਚੇਤ ਚੈਕਿੰਗ ਦੌਰਾਨ ਸ਼ਰਾਬ ਦਾ ਠੇਕਾ ਖੁਲਣ ਅਤੇ ਇਕਾਂਤਵਾਸ ਕੀਤੇ ਵਿਅਕਤੀਆਂ ਵੱਲੋਂ ਆਪਣੇ ਘਰਾਂ ਦੇ ਬਾਹਰੋਂ ਇਕਾਂਤਵਾਸ ਦੇ ਲਗਾਏ ਗਏ ਪੋਸਟਰ ਫਾੜਨ ਦਾ ਮਾਮਲਾ ਸਾਹਮਣੇ ਆਉਣ ’ਤੇ ਸਬੰਧਤ ਵਿਅਕਤੀਆਂ ਵਿਰੁੱਧ ਸਖਤ ਕਾਰਵਾਈ ਕਰਨ ਦੇ ਆਦੇਸ਼ ਦਿੱਤੇ ਗਏ ਹਨ । ਇਹ ਜਾਣਕਾਰੀ ਦਿੰਦਿਆਂ ਐਸ.ਡੀ.ਐਮ. ਡਾ. ਸੰਜੀਵ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਨੂੰ ਪਿੰਡ ਭਮਾਰਸੀ ਬੁਲੰਦ ਦੇ ਸਰਪੰਚ ਨਿਰਮਲ ਸਿੰਘ ਨੇ ਸ਼ਿਕਾਇਤ ਕੀਤੀ ਸੀ ਕਿ ਪਿੰਡ ਦੇ ਜਿਹੜੇ ਕੋਰੋਨਾ ਦੇ ਸ਼ੱਕੀ ਵਿਅਕਤੀਆਂ ਨੂੰ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੇ ਘਰਾਂ ਵਿੱਚ ਇਕਾਂਤਵਾਸ ਕੀਤਾ ਗਿਆ ਸੀ ਉਨ੍ਹਾਂ ਨੇ ਆਪਣੇ ਘਰਾਂ ਦੇ ਬਾਹਰੋਂ ਇਕਾਂਤਵਾਸ ਦੇ ਲੱਗੇ ਪੋਸਟਰ ਉਤਾਰ ਦਿੱਤੇ ਹਨ ਅਤੇ ਪਿੰਡ ਵਿੱਚ ਫਿਰ ਰਹੇ ਹਨ ਜਿਸ ਨਾਲ ਪਿੰਡ ਵਿੱਚ ਕੋਰੋਨਾ ਵਾਇਰਸ ਦੇ ਫੈਲਣ ਦਾ ਖਤਰਾ ਵੱਧ ਗਿਆ ਹੈ। ਇਸ ਤੋਂ ਇਲਾਵਾ ਸਰਪੰਚ ਨੇ ਇਹ ਵੀ ਦੱਸਿਆ ਕਿ ਸੀ ਕਿ ਪਿੰਡ ਸਥਿਤ ਸ਼ਰਾਬ ਦਾ ਠੇਕਾ ਵੀ ਖੁੱਲਾ ਹੈ।

ਡਾ. ਸੰਜੀਵ ਕੁਮਾਰ ਨੇ ਦੱਸਿਆ ਕਿ ਇਕਾਂਤਵਾਸ ਦੇ ਪੋਸਟਰ ਫਾੜ ਕੇ ਪਿੰਡ ਵਿੱਚ ਘੁੰਮਣ ਵਾਲੇ ਕੋਰੋਨਾ ਦੇ ਸ਼ੱਕੀ ਮਰੀਜਾਂ ਵਿਰੁੱਧ ਅਪੈਡਮਿਕ ਡੀਜੀਜ਼ ਐਕਟ ਅਤੇ ਧਾਰਾ 188 ਅਧੀਨ ਮੁਕੱਦਮੇ ਦਰਜ਼ ਕੀਤੇ ਜਾ ਰਹੇ ਹਨ ਜਦੋਂ ਕਿ ਸ਼ਰਾਬ ਦੇ ਠੇਕੇ ਦੇ ਕਰਿੰਦਿਆਂ ਨੂੰ ਮੌਕੇ ’ਤੇ ਹੀ ਪੁਲਿਸ ਦੇ ਹਵਾਲੇ ਕਰਕੇ ਉਨ੍ਹਾਂ ਵਿਰੁੱਧ ਵੀ ਮੁਕੱਦਮੇ ਦਰਜ਼ ਕਰਨ ਦੇ ਹੁਕਮ ਦਿੱਤੇ ਗਏ ਜਦੋਂ ਕਿ ਠੇਕੇਦਾਰ ਵਿਰੁੱਧ ਆਬਕਾਰੀ ਐਕਟ ਤੇ ਕਰਫਿਊ ਦੀ ਉਲੰਘਣਾ ਸਬੰਧੀ ਮੁਕੱਦਮਾ ਦਰਜ਼ ਕਰਨ ਲਈ ਮੌਕੇ ’ਤੇ ਹੀ ਸਬੰਧਤ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਗਏ ਹਨ।

ਐਸ.ਡੀ.ਐਮ. ਨੇ ਕਿਹਾ ਕਿ ਜਿਹੜੇ ਵਿਅਕਤੀਆਂ ਨੂੰ ਸਿਹਤ ਵਿਭਾਗ ਵੱਲੋਂ ਉਨ੍ਹਾਂ ਦੇ ਘਰਾਂ ਵਿੱਚ ਹੀ ਇਕਾਂਤਵਾਸ ਲਈ ਕਿਹਾ ਗਿਆ ਹੈ ਉਹ ਇਸ ਦੀ ਇੰਨ ਬਿੰਨ ਪਾਲਣਾ ਕਰਨੀ ਯਕੀਨੀ ਬਣਾਉਣ ਅਤੇ ਇਸ ਦੀ ਉਲੰਘਣਾ ਕਰਨ ’ਤੇ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਸ੍ਰੀ ਹਜ਼ੂਰ ਸਾਹਿਬ ਤੋਂ ਪਰਤੇ ਪੰਜ ਸ਼ਰਧਾਲੂਆਂ ਵਿੱਚ ਹੋਈ ਕੋਰੋਨਾ ਵਾਇਰਸ ਦੀ ਪੁਸ਼ਟੀ

ਇੱਕ ਕੰਬਾਇਨ ਓਪਰੇਟਰ ਦੀ ਰਿਪੋਰਟ ਵੀ ਆਈ ਪਾਜਿਟਿਵ

ਜ਼ਿਲ੍ਹੇ ਵਿੱਚ ਕੋਰੋਨਾ ਦੇ 6 ਨਵੇਂ ਮਾਮਲੇ ਆਏ ਸਾਹਮਣੇ

ਪੌਜ਼ਿਟਿਵ ਆਏ ਮਰੀਜਾਂ ਨੂੰ ਇਲਾਜ ਲਈ ਭੇਜਿਆ ਬਨੂੜ ਦੇ ਗਿਆਨ ਸਾਗਰ ਹਸਪਤਾਲ ਵਿੱਚ : ਸਿਵਲ ਸਰਜਨ

ਫ਼ਤਹਿਗੜ੍ਹ ਸਾਹਿਬ, 02 ਮਈ :

ਤਖਤ ਸ੍ਰੀ ਹਜ਼ੂਰ ਸਾਹਿਬ ਤੋਂ ਆਏ 05 ਸ਼ਰਧਾਲੂਆਂ ਵਿੱਚ ਕੋਰੋਨਾ ਵਾਇਰਸ ਦੀ ਪੁਸ਼ਟੀ ਹੋਈ ਹੈ ਜਦੋਂ ਕਿ ਇੱਕ ਕੰਬਾਇਨ ਓਪਰੇਟਰ ਦੀ ਰਿਪੋਰਟ ਵੀ ਪੌਜਿਟਿਵ ਆਈ ਹੈ। ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਐਨ. ਕੇ. ਅਗਰਵਾਲ ਨੇ ਦੱਸਿਆ ਕਿ ਸ੍ਰੀ ਹਜ਼ੂਰ ਸਾਹਿਬ ਤੋਂ ਫ਼ਤਹਿਗੜ੍ਹ ਸਾਹਿਬ ਵਿਖੇ ਪਹੁੰਚੇ 13 ਸ਼ਰਧਾਲੂਆਂ ਦੇ ਸੈਂਪਲ ਲੈ ਕੇ ਕੋਵਿਡ ਜਾਂਚ ਲਈ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ 05 ਸ਼ਰਧਾਲੂਆਂ ਵਿੱਚ ਕੋਰੋਨਾ ਵਾਇਰਸ ਦੀ ਪੁਸ਼ਟੀ ਹੋਈ ਹੈ ਜਦੋਂ ਕਿ 08 ਸ਼ਰਧਾਲੂਆਂ ਦੀ ਰਿਪੋਰਟ ਨੈਗੇਟਿਵ ਆਈ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਦੇ 5 ਦਿਨਾਂ ਬਾਅਦ ਦੁਬਾਰਾ ਸੈਂਪਲ ਲੈ ਕੇ ਜਾਂਚ ਲਈ ਭੇਜੇ ਜਾਣਗੇ। ਉਨ੍ਹਾਂ ਦੱਸਿਆ ਕਿ ਇਹ ਸਾਰੇ ਸ਼ਰਧਾਲੂ ਮਾਤਾ ਗੁਜਰੀ ਜੀ ਸਰਾਂ, ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿੱਚ 21 ਦਿਨਾਂ ਲਈ ਇਕਾਂਤਵਾਸ ਹਨ।

ਸਿਵਲ ਸਰਜਨ ਨੇ ਦੱਸਿਆ ਕਿ ਕੋਵਿਡ-19 ਦੇ ਪੌਜਿਟਿਵ ਆਏ ਸ਼ਰਧਾਲੂਆਂ ਵਿੱਚੋਂ 04 ਸ਼ਰਧਾਲੂ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਪਿੰਡ ਘੁਮੰਡਗੜ੍ਹ ਦੇ ਰਹਿਣ ਵਾਲੇ ਹਨ ਜਦੋਂ ਕਿ ਪੰਜਵੀਂ ਔਰਤ ਸ਼ਰਧਾਲੂ ਪਿੰਡ ਰਸੂਲਪੁਰ ਦੀ ਵਸਨੀਕ ਹੈ। ਇਸ ਤੋਂ ਇਲਾਵਾ ਇੱਕ ਕੰਬਾਇਨ ਓਪਰੇਟਰ ਜਿਸ ਦੀ ਰਿਪੋਰਟ ਪੋਜ਼ਿਟਿਵ ਆਈ ਹੈ ਪਿੰਡ ਗੁਣੀਆਂ ਮਾਜਰਾ ਦਾ ਰਹਿਣ ਵਾਲਾ ਹੈ ਜੋ ਕਿ ਕਣਕ ਦੀ ਵਾਢੀ ਕਰਨ ਉਪਰੰਤ ਬਾਹਰਲੇ ਸੂਬੇ ਤੋਂ ਆਇਆ ਸੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਾਰੇ ਵਿਅਕਤੀਆਂ ਨੂੰ ਇਲਾਜ ਲਈ ਬਨੂੜ ਸਥਿਤ ਗਿਆਨ ਸਾਗਰ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਹੈ।

ਡਾ. ਅਗਰਵਾਲ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਉਣ ਅਤੇ ਆਪਣੇ ਘਰਾਂ ਵਿੱਚ ਹੀ ਰਹਿਣ ਨੂੰ ਤਰਜ਼ੀਹ ਦੇਣ। ਉਨ੍ਹਾਂ ਕਿਹਾ ਕਿ ਸਮਾਜਿਕ ਵਿੱਥ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਇਸ ਮਹਾਂਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਸ੍ਰੀ ਹਜ਼ੂਰ ਸਾਹਿਬ ਤੋਂ ਪਰਤੇ ਸ਼ਰਧਾਲੂਆਂ ਨੇ ਇਕਾਂਤਵਾਸ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁਹੱਈਆ ਕਰਵਾਈਆਂ ਸਹੂਲਤਾਂ 'ਤੇ ਤਸੱਲੀ ਪ੍ਰਗਟਾਈ

ਤਿੰਨ ਟਾਈਮ ਮੁਹੱਈਆ ਕਰਵਾਇਆ ਜਾ ਰਿਹਾ ਹੈ ਖਾਣਾ ਤੇ ਚਾਹ

ਰਾਤ ਨੂੰ ਮੁਹੱਈਆ ਕਰਵਾਇਆ ਜਾਂਦਾ ਹੈ ਦੁੱਧ

ਫ਼ਤਹਿਗੜ੍ਹ ਸਾਹਿਬ, 02 ਅਪ੍ਰੈਲ

ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਸਰਾਂ ਵਿਖੇ ਇਕਾਂਤਵਾਸ ਵਿੱਚ ਰਹਿ ਰਹੇ ਸ੍ਰੀ ਹਜ਼ੂਰ ਸਾਹਿਬ ਤੋਂ ਪਰਤੇ ਸ਼ਰਧਾਲੂਆਂ ਨੇ ਇਕਾਂਤਵਾਸ ਵਿੱਚ ਉਨ੍ਹਾਂ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਪ੍ਰਬੰਧਾਂ 'ਤੇ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਵਿਸ਼ੇਸ਼ ਬੱਸਾਂ ਰਾਹੀਂ ਸ੍ਰੀ ਹਜ਼ੂਰ ਸਾਹਿਬ ਤੋਂ ਲੈ ਕੇ ਆਉਣ ਅਤੇ ਇਥੇ ਸੁਚੱਜੇ ਢੰਗ ਨਾਲ ਇਕਾਂਤਵਾਸ ਵਿੱਚ ਰੱਖਣ ਲਈ ਧੰਨਵਾਦ ਕੀਤਾ ਹੈ।

ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਸਰਾਂ ਵਿਖੇ ਇਕਾਂਤਵਾਸ ਵਿੱਚ ਰਹਿ ਰਹੇ ਸ਼ਰਧਾਲੂਆਂ ਵਿੱਚੋਂ ਇਕ ਪਿੰਡ ਬਰਕਤਪੁਰ ਦੇ ਪਰਮਜੀਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਨ੍ਹਾਂ ਨੂੰ ਤਿੰਨ ਟਾਈਮ ਖਾਣਾ ਤੇ ਤਿੰਨ ਟਾਈਮ ਚਾਹ ਦਿੱਤੀ ਜਾਂਦੀ ਹੈ। ਇਸ ਦੇ ਨਾਲ ਨਾਲ ਰਾਤ ਨੂੰ ਦੁੱਧ ਵੀ ਮੁਹੱਈਆ ਕਰਵਾਇਆ ਜਾਂਦਾ ਹੈ। ਇਸ ਤੋਂ ਇਲਾਵਾ ਜਿਸ ਦਿਨ ਉਹ ਸ੍ਰੀ ਹਜ਼ੂਰ ਸਾਹਿਬ ਤੋਂ ਪਰਤੇ ਸਨ, ਉਸੇ ਦਿਨ ਹੀ ਉਨ੍ਹਾਂ ਨੂੰ ਮਾਸਕ, ਸਾਬਣ, ਟੁੱਥ ਬਰਸ਼, ਪੇਸਟ ਆਦਿ ਨਾਲ ਲੈਸ ਇੱਕ ਕਿੱਟ ਮੁਹੱਈਆ ਕਰਵਾ ਦਿੱਤੀ ਗਈ ਸੀ।ਇਨ੍ਹਾਂ ਪ੍ਰਬੰਧਾਂ ਲਈ ਉਹ ਜ਼ਿਲ੍ਹਾ ਪ੍ਰਸ਼ਾਸਨ ਦੇ ਧੰਨਵਾਦੀ ਹਨ।

ਇਸੇ ਤਰ੍ਹਾਂ ਪਿੰਡ ਰਿਉਣਾ ਨੀਵਾਂ ਦੇ ਨੌਜਵਾਨ ਗੁਰਪ੍ਰੀਤ ਸਿੰਘ ਨੇ ਪ੍ਰਬੰਧਾਂ ਉਤੇ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਉਨ੍ਹਾਂ ਬਹੁਤ ਹੀ ਸਾਫ਼ ਸੁਥਰੇ ਮਾਹੌਲ ਵਿੱਚ ਇਕਾਂਤਵਾਸ ਕੀਤਾ ਗਿਆ ਹੈ ਤੇ ਸਾਰੀਆਂ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ। ਉਨ੍ਹਾਂ ਨੂੰ ਇਕਾਂਤਵਾਸ ਵਿੱਚ ਕਿਸੇ ਕਿਸਮ ਦੀ ਕੋਈ ਦਿੱਕਤ ਨਹੀਂ ਹੈ।ਉਨ੍ਹਾਂ ਦੱਸਿਆ ਕਿ ਉਨ੍ਹਾਂ ਨੂੰ ਸਿਹਤ ਵਿਭਾਗ ਵੱਲੋਂ ਜਿਹੜੀਆਂ ਵੀ ਹਦਾਇਤਾਂ ਦਿੱਤੀਆਂ ਗਈਆਂ ਹਨ, ਉਹ ਉਨ੍ਹਾਂ ਦੀ ਇਨ ਬਿਨ ਪਾਲਣਾ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਉਨ੍ਹਾਂ ਤੱਕ ਵਾਰ ਵਾਰ ਪਹੁੰਚ ਕਰ ਕੇ ਇਹ ਪਤਾ ਕੀਤਾ ਜਾਂਦਾ ਹੈ ਕਿ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਕੋਈ ਹੋਰ ਲੋੜ ਤਾਂ ਨਹੀਂ ਹੈ।

ਇਸ ਸਬੰਧੀ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ, ਫ਼ਤਹਿਗੜ੍ਹ ਸਾਹਿਬ ਸ੍ਰੀਮਤੀ ਅੰਮ੍ਰਿਤ ਕੌਰ ਨੇ ਕਿਹਾ ਕਿ ਪ੍ਰਸ਼ਾਸਨ ਵੱਲੋਂ ਕੋਰੋਨਾ ਵਾਇਰਸ ਨੂੰ ਫੈਲਣ ਨੂੰ ਰੋਕਣ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਸਰਾਂ ਸਮੇਤ ਜਿੰਨੀਆਂ ਵੀ ਥਾਵਾਂ ਉਤੇ ਇਕਾਂਤਵਾਸ ਕੇਂਦਰ ਬਣਾਏ ਗਏ ਹਨ, ਉਨ੍ਹਾਂ ਸਾਰਿਆਂ ਵਿੱਚ ਹੀ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ ਤੇ ਇਕਾਂਤਵਾਸ ਵਿੱਚ ਰਹਿਣ ਵਾਲੇ ਕਿਸੇ ਵੀ ਵਿਅਕਤੀ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਜੀ.ਟੀ.ਰੋਡ ਮਾਧੋਪੁਰ ਤੋਂ ਜੀਸਸ ਸੇਵੀਅਰ ਸਕੂਲ ਕੋਲ ਦੀ ਹੋ ਕੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਤੱਕ ਦੀ ਸੜਕ ਦੀ 02 ਕਰੋੜ 70 ਲੱਖ ਰੁਪਏ ਨਾਲ ਵਿਸ਼ੇਸ਼ ਰਿਪੇਅਰ ਸ਼ੁਰੂ

ਹਲਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ ਨੇ ਵਿਸ਼ੇਸ਼ ਰਿਪੇਅਰ ਦਾ ਕੰਮ ਸ਼ੁਰੂ ਕਰਵਾਇਆ

ਮੁਰੰਮਤ ਦੇ ਕੰਮ ਦੌਰਾਨ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਾਰੀਆਂ ਸਾਵਧਾਨੀਆਂ ਦੀ ਇਨ ਬਿਨ ਪਾਲਣਾ ਯਕੀਨੀ ਬਣਾਈ ਜਾ ਰਹੀ ਹੈ

ਫ਼ਤਹਿਗੜ੍ਹ ਸਾਹਿਬ, 02 ਮਈ

ਜੀ.ਟੀ.ਰੋਡ ਮਾਧੋਪੁਰ ਤੋਂ ਜੀਸਸ ਸੇਵੀਅਰ ਸਕੂਲ ਕੋਲ ਦੀ ਹੋ ਕੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਤੱਕ ਦੀ 05.10 ਕਿਲੋਮੀਟਰ ਲੰਮੀ ਸੜਕ ਦੀ ਵਿਸੇਸ਼ ਮੁਰੰਮਤ ਸ਼ੁਰੂ ਕਰਵਾਈ ਗਈ ਹੈ, ਜਿਸ ਉੱਤੇ 02 ਕਰੋੜ 70 ਲੱਖ ਰੁਪਏ ਖਰਚੇ ਜਾ ਰਹੇ ਹਨ।

ਇਸ ਗੱਲ ਦੀ ਜਾਣਕਾਰੀ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਸੜਕ ਦੀ ਸਪੈਸ਼ਲ ਰਿਪੇਅਰ ਸ਼ੁਰੂ ਕਰਵਾਉਂਦਿਆਂ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਸੜਕ ਦੀ ਮੁਰੰਮਤ ਦੇ ਕੰਮ ਦੌਰਾਨ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਾਰੀਆਂ ਸਾਵਧਾਨੀਆਂ ਦੀ ਇਨ ਬਿਨ ਪਾਲਣਾ ਯਕੀਨੀ ਬਣਾਈ ਜਾ ਰਹੀ ਹੈ।

ਇਹ ਸੜਕ ਸਰਹਿੰਦ-ਪਟਿਆਲਾ ਅਤੇ ਸਰਹਿੰਦ-ਚੁੰਨੀ ਸੜਕ ਨੂੰ ਆਪਸ ਵਿੱਚ ਜੋੜਦੀ ਹੈ। ਇਸ ਦੀ ਵਿਸ਼ੇਸ਼ ਮੁਰੰਮਤ ਨਾਲ ਲੋਕਾਂ ਨੂੰ ਵੱਡਾ ਲਾਭ ਹੋਵੇਗਾ । ਸ. ਨਾਗਰਾ ਨੇ ਕਿਹਾ ਕਿ ਇਹ ਸੜਕ ਸ਼ਹੀਦੀ ਸਭਾ ਸਬੰਧੀ ਸਭ ਤੋਂ ਅਹਿਮ ਸੜਕਾਂ ਵਿੱਚੋਂ ਇਕ ਹੈ। ਇਸ ਮੌਕੇ ਐਕਸੀਅਨ ਦਵਿੰਦਰ ਕੁਮਾਰ, ਐੱਸ.ਡੀ.ਓ ਮਨਦੀਪ ਸਿੰਘ, ਜੇ.ਈ ਬਲਜਿੰਦਰ ਸਿੰਘ ਵੀ ਹਾਜ਼ਰ ਸਨ।